**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**
**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**
www.sssb.punjab.gov.in

**ਇਸ਼ਤਿਹਾਰ ਨੰ:04 ਆਫ 2022**

## ਜਨਤਕ ਨਿਯੁਕਤੀਆਂ

*****

## ਮਹੱਤਵਪੂਰਨ ਮਿਤੀਆਂ

| | | |
|---|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ** | : | 15/05/2022 |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ** | : | 15/05/2022 |
| **ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ** | : | 27/06/2022 (ਸ਼ਾਮ 5:00 ਵਜੇ ਤੱਕ) |
| **ਫੀਸ ਭਰਨ ਦੀ ਆਖਰੀ ਮਿਤੀ** | : | 30/06/2022 (ਸ਼ਾਮ 5:00 ਵਜੇ ਤੱਕ) |

## ਜਾਣ ਪਹਿਚਾਣ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ। ਜਿਸ ਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਗੁਰੱਪ-ਸੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

**ਵੀ.ਡੀ.ਓ(Village Development Organizer)/ਗਰਾਮ ਸੇਵਕ ਦੀ ਅਸਾਮੀਂ ਲਈ ਭਰਤੀ ਪ੍ਰਕ੍ਰਿਆ – 2022**

<u>ਇਸ਼ਤਿਹਾਰ ਨੰਬਰ : 04 ਆਫ 2022</u>

## ਇਸ਼ਤਿਹਾਰ ਦਾ ਵਿਸਤਾਰਪੂਰਵਕ ਵੇਰਵਾ

1. ਦਫਤਰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਪੰਜਾਬ, ਮੋਹਾਲੀ ਪਾਸੋਂ ਪ੍ਰਾਪਤ ਮੰਗ ਪੱਤਰ 1/81/2012-1ਆਰ.ਡੀ.ਈ.2/8058 ਮਿਤੀ 22-11-2021, 1/81/2012-1ਆਰ.ਡੀ.ਈ.2/8677 ਮਿਤੀ 16-12-2021 ਅਤੇ ਪੱਤਰ 1/81/2012-1ਆਰ.ਡੀ.ਈ.2/3089, ਮਿਤੀ:04.05.2022 ਅਨੁਸਾਰ ਦਰਜ ਵਿਦਿਅਕ ਯੋਗਤਾ ਮੁਤਾਬਿਕ ਗਰੁੱਪ-ਸੀ ਕਾਡਰ ਦੀਆਂ ਵੀ.ਡੀ.ਓ(Village Development Organizer)/ਗਰਾਮ ਸੇਵਕ ਦੀਆਂ ਕੁੱਲ 792 ਅਸਾਮੀਆਂ ਭਰਨ ਲਈ ਬੋਰਡ ਦੀ ਵੈਬਸਾਈਟ www.sssb.punjab.gov.in ਤੇ ਯੋਗ ਉਮੀਦਵਾਰਾਂ ਤੋਂ ਮਿਤੀ: 15/05/2022 ਤੋਂ 27/06/2022 ਸ਼ਾਮ 05-00 ਵਜੇ ਤੱਕ ਆਨਲਾਈਨ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

2. ਵਿੱਦਿਅਕ ਯੋਗਤਾ/ ਪੇਅ ਸਕੇਲ

| ਲੜੀ ਨੰ. | ਵਿਭਾਗ ਦਾ ਨਾਮ | ਅਸਾਮੀ ਦਾ ਨਾਮ | ਯੋਗਤਾ | ਪੇ ਸਕੇਲ (Minimum Pay Admissible) |
|---|---|---|---|---|
| 1. | ਦਫਤਰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਪੰਜਾਬ, ਮੋਹਾਲੀ | ਵੀ.ਡੀ.ਓ(Village Development Organizer)/ਗਰਾਮ ਸੇਵਕ | **i) <u>Qualification:-</u>**<br><br>**"(a) Matric with Punjabi as a subject;<br>(b) 10+2 (in second division)<br>(c) Graduate in any discipline from a recognized University or institution; and<br>(d) One year Diploma Course in Computer application from a recognized institution.<br>Preference shall be given to a candidate possessing a B.Com degree or any higher degree in the field of commerce from a recognised University or institution to whom five marks shall be given.** | 19,900/- (As per 7th CPC/Pay Matrix and recommendation of inhouse Committee (Minimum Pay Admissible) |

ਨੋਟ :(i) ਉਮੀਦਵਾਰ ਆਨਲਾਈਨ ਅਪਲਾਈ ਕਰਨ ਤੋਂ ਪਹਿਲਾਂ ਹਰ ਪੱਖੋ ਲੋੜੀਂਦੀਂ ਵਿਦਿਅਕ ਯੋਗਤਾ ਪੂਰੀ ਕਰਦਾ ਹੋਵੇ।

(ii) ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਪੱਤਰ ਨੰ:1/81/12-1ਆਰ.ਡੀ.ਈ.2/8677, ਮਿਤੀ:16.12.2021 ਦੇ ਸਨਮੁੱਖ ਕੰਪਿਊਟਰ ਦੀ ਯੋਗਤਾ ਰਿੱਟ ਨੰ:26260 ਆਫ 2016 ਅਨੁਸਾਰ ਮੰਨੀ ਜਾਵੇਗੀ।

**3. Vacant posts of Village Development Organizer (V.D.O)/Gram Sewak = Total 792 Posts**

| Sr. No. | Category | Total Number of Vacancies | Out of total number of vacancies mentioned at Column No. C, 33% reservation for female as per Govt. of Punjab Notification bearing no. G.S.R.87/Const./Arts.309 and 15/2020 dated 21.10.2020 |
|---|---|---|---|
| A | B | C | D |
| 1 | General | 282 | 93 |

| | | | |
|---|---|---|---|
| 2 | Economically Weaker Section (E.W.S) | 79 | 27 |
| 3 | Schedule Caste (M&B) | 79 | 27 |
| 4 | Schedule Caste (R&O) | 79 | 27 |
| 5 | Backward Class | 92 | 30 |
| 6 | Ex-serviceman Gen | 56 | 18 |
| 7 | Ex-serviceman SC M&B | 16 | -- |
| 8 | Ex-serviceman SC R&O | 16 | -- |
| 9 | Ex-serviceman B.C | 16 | -- |
| 10 | Sports General | 26 | 08 |
| 11 | Sports SC(M&B) | 04 | -- |
| 12 | Sports SC(R&O) | 04 | -- |
| 13 | Physical Handicapped (Visual) | 09 | 04 |
| 14 | Physical Handicapped (Hearing) | 08 | 04 |
| 15 | Physical Handicapped (Locomotor) | 08 | 04 |
| 16. | Physical Handicapped (Intellectual or Multiple) | 08 | 04 |
| 17. | Freedom Fighter | 10 | 05 |
| Total | | 792 | 251 |

4. **ਕੈਟਾਗਰੀ ਕੋਡ (Category codes):**

| Sr. No. | Category | Category Code |
|---|---|---|
| A | B | C |
| 1 | General | 101 |
| 2 | E.W.S. (Gen.) | 102 |
| 3 | Schedule Caste (M&B) | 103 |
| 4 | Schedule Caste (R&O) | 104 |
| 5 | Backward Class | 105 |
| 6 | ESM Gen. (Self) | 106 |
| 7 | ESM Gen. (Dependent) | 107 |
| 8 | ESM S.C. M&B (Self) | 108 |
| 9 | ESM S.C. M&B (Dependent) | 109 |
| 10 | ESM S.C. R&O (Self) | 110 |
| 11 | ESM S.C. R&O (Dependent) | 111 |
| 12 | ESM B.C (Self) | 112 |
| 13 | ESM B.C (Dependent) | 113 |
| 14 | Sports General | 114 |
| 15 | Sports S.C.(M&B) | 115 |
| 16 | Sports S.C.(R&O) | 116 |

| | | |
|---|---|---|
| 17 | Physical Handicapped (Locomotor) | 117 |
| 18 | Physical Handicapped (Visual) | 118 |
| 19 | Physical Handicapped (Hearing) | 119 |
| 20 | Physical Handicapped (Intellectual or Multiple) | 120 |
| 21 | Freedom Fighter | 121 |

General - ਆਮ ਵਰਗ, Schedule Caste (M&B)- ਅਨੁਸੂਚਿਤ ਜਾਤੀ (ਮਜਬੀ ਅਤੇ ਬਾਲਮਿਕੀ), Schedule Caste (R&O)- ਅਨੁਸੂਚਿਤ ਜਾਤੀ (ਰਾਮਦਾਸੀਆ ਅਤੇ ਹੋਰ), Bakcward Class - ਪੱਛੜੀ ਸ਼੍ਰੇਣੀ, ESM Gen. (Self) - ਸਾਬਕਾ ਫੌਜੀ-ਆਮ ਵਰਗ (ਖੁਦ), ESM Gen. (Dependent) ਸਾਬਕਾ ਫੌਜੀ-ਆਮ ਵਰਗ (ਆਸ਼ਰਿਤ), ESM SC (M&B) (Self) - ਸਾਬਕਾ ਫੌਜੀ-ਅਨੁਸੂਚਿਤ ਜਾਤੀ (ਮਜਬੀ ਅਤੇ ਬਾਲਮਿਕੀ) (ਖੁਦ), ESM SC (M&B) (Dependent) - ਸਾਬਕਾ ਫੌਜੀ-ਅਨੁਸੂਚਿਤ ਜਾਤੀ (ਮਜਬੀ ਅਤੇ ਬਾਲਮਿਕੀ), (ਆਸ਼ਰਿਤ), ESM SC (R&O) (Dependent)- - ਸਾਬਕਾ ਫੌਜੀ-ਅਨੁਸੂਚਿਤ ਜਾਤੀ (ਰਾਮਦਾਸੀਆ ਅਤੇ ਹੋਰ) (ਖੁਦ), ESM SC (R&O) (Self)- - ਸਾਬਕਾ ਫੌਜੀ-ਅਨੁਸੂਚਿਤ ਜਾਤੀ (ਰਾਮਦਾਸੀਆ ਅਤੇ ਹੋਰ) (ਆਸ਼ਰਿਤ), ESM BC (Self) - ਸਾਬਕਾ ਫੌਜੀ-ਪੱਛੜੀ ਸ਼੍ਰੇਣੀ (ਖੁਦ), ESM BC (Dependent) - ਸਾਬਕਾ ਫੌਜੀ-ਪੱਛੜੀ ਸ਼੍ਰੇਣੀ (ਆਸ਼ਰਿਤ), Sports SC - ਖਿਡਾਰੀ (ਅਨੁਸੂਚਿਤ ਜਾਤੀ), Freedom Fighter - ਸੁਤੰਤਰਤਾ ਸੰਗਰਾਮੀ, EWS (Gen.) - ਆਰਥਿਕ ਤੌਰ ਤੇ ਕਮਜ਼ੋਰ ਵਰਗ (ਆਮ ਵਰਗ)।

ਨੋਟ:- 1. (ੳ) ESM Gen, ESM SC ਅਤੇ ESM BC ਦੀਆਂ ਅਸਾਮੀਆਂ ESM (Self ) ਉਮੀਦਵਾਰਾਂ ਵਿੱਚੋਂ ਹੀ ਭਰੀਆਂ ਜਾਣਗੀਆਂ। ESM (Self) ਉਮੀਦਵਾਰ ਉਪਲਬੱਧ ਨਾ ਹੋਣ ਦੀ ਸਥਿਤੀ ਵਿੱਚ ਇਹ ਅਸਾਮੀਆਂ ESM (Dependent) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

(ਅ) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08.05.2020 ਮੁਤਾਬਿਕ ਜੇਕਰ ਕਿਸੇ ਅਸਾਮੀਂ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਣੀ ਹੈ:

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such a vacancy shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second proviso."

5. **ਉਮਰ ਸੀਮਾ**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਦਫਤਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਪੱਤਰ ਮਿਤੀ 22-11-2021 ਅਤੇ ਮਿਤੀ:16.12.2021 ਅਨੁਸਾਰ ਇਨ੍ਹਾਂ ਅਸਾਮੀਆਂ ਲਈ ਉਮਰ ਸੀਮਾ ਮਿਤੀ 01.01.2022 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ :-

(i) ਕਿਸੇ ਵੀ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ ਘੱਟੋ-ਘੱਟ 18 ਸਾਲ ਹੋਣੀ ਚਾਹੀਦੀ ਹੈ।

(ii) ਜਨਰਲ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾਂ 37 ਸਾਲ ਹੋਵੇਗੀ।

(iii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਉਮੀਦਵਾਰਾਂ ਦੀ ਉਪਰਲੀ ਸੀਮਾਂ ਵਿੱਚ 5 ਸਾਲ ਦੀ ਛੋਟ ਦਿੰਦੇ ਹੋਏ ਇਹ ਉਮਰ ਸੀਮਾਂ 42 ਸਾਲ ਹੋਵੇਗੀ।

(iv) ਰਾਜ ਅਤੇ ਕੇਂਦਰ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾਂ 45 ਸਾਲ ਹੋਵੇਗੀ।

(v) ਪੰਜਾਬ ਰਾਜ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾਂ Punjab Recruitment of Ex-Servicemen Rules, 1982 ਅਤੇ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾਂ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾਂ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(vi) ਪੰਜਾਬ ਰਾਜ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ 10 ਸਾਲ ਦੀ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮੀਰ ਸੀਮਾ 47 ਸਾਲ ਹੋਵੇਗੀ।

(vii) The upper age limit for windows, divorcees and certain other categories of married women as per instructions issued by the Government of Punjab vide letter no. 1/50/83-5PP(1368)/3454 dated:23.4.1984 will be relaxed upto 40 years.

ਨੋਟ:- ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਉਮਰ ਸੀਮਾ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ **NOC** ਲੈ ਕੇ ਕੌਂਸਲਿੰਗ ਸਮੇਂ ਪੇਸ਼ ਕਰਨਾ ਹੋਵੇਗਾ।

6. ਫੀਸ ਸਬੰਧੀ ਵੇਰਵਾ :

| | |
|---|---|
| ਆਮ ਵਰਗ (GEN) | - 1000/- |
| ਐਸ.ਸੀ. (SC)/ਬੀ.ਸੀ. (BC)/ਆਰਥਿਕ ਤੌਰ ਤੇ ਕਮਜ਼ੋਰ ਵਰਗ (EWS) | - 250/- |
| ਸਾਬਕਾ ਫੌਜੀ ਅਤੇ ਆਸ਼ਰਿਤ | - 200/- |
| ਅੰਗਹੀਣ | -500/- |

ਨੋਟ : ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਹਾਲਤ ਵਿੱਚ ਵਾਪਸ ਨਹੀਂ ਕੀਤੀ ਜਾਏਗੀ।

7. ਰਾਖਵਾਂਕਰਨ/ **Reservation** ਸਬੰਧੀ ਮਹੱਤਵਪੂਰਨ ਹਦਾਇਤਾਂ :

(i) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਹੋਵੇਗਾ।

(ii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ। ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖੇਗਾ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(iii) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜਾ ਜਾਰੀ ਰਿਹਾਇਸ਼ੀ ਸਰਟੀਫਿਕੇਟ, ਜੋ ਕਿ 5 ਸਾਲ ਤੋਂ ਜਿਆਦਾ ਪੁਰਾਣਾ ਨਾ ਹੋਵੇ, ਅਪਲੋਡ/ਪੇਸ਼ ਕਰੇਗਾ।

(iv) ਦੂਜੇ ਰਾਜਾਂ ਨਾਲ ਸਬੰਧਤ ਉਮੀਦਵਾਰ ਕੇਵਲ ਜਨਰਲ ਕੈਟਾਗਰੀ ਅਧੀਨ ਹੀ ਅਪਲਾਈ ਕਰ ਸਕਦੇ ਹਨ।

(v) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(vi) ਉਮੀਦਵਾਰ ਨੂੰ ਕਾਊਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰਨਾ ਪਵੇਗਾ।ਇਹ ਸਰਟੀਫਿਕੇਟ ਸਮਰੱਥ ਅਥਾਰਟੀ ਵੱਲੋਂ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦਾ ਜਾਰੀ ਕੀਤਾ ਹੋਣਾ ਲਾਜਮੀ ਹੈ।

8. ਚੋਣ ਵਿਧੀ :

(i) ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ ਲਿਖਤੀ ਪ੍ਰੀਖਿਆ ਲਈ ਜਾਏਗੀ। ਲਿਖਤੀ ਪ੍ਰੀਖਿਆ ਦਾ ਸੰਭਾਵਤ ਸਿਲੇਬਸ ਅਤੇ ਚੋਣ ਵਿਧੀ ਦਾ ਪੈਟਰਨ (Pattern) ਬਾਅਦ ਵਿੱਚ ਬੋਰਡ ਦੀ ਵੈਬਸਾਈਟ ਤੇ ਪ੍ਰਕਾਸ਼ਿਤ ਕਰ ਦਿੱਤਾ ਜਾਵੇਗਾ। ਲਿਖਤੀ ਪ੍ਰੀਖਿਆ ਵਿੱਚ ਯੋਗ ਪਾਏ ਗਏ ਉਮੀਦਵਾਰਾਂ ਨੂੰ ਪ੍ਰਾਪਤ ਅੰਕਾਂ ਦੇ ਆਧਾਰ ਬਣੀ ਮੈਰਿਟ ਮੁਤਾਬਿਕ ਬੋਰਡ ਵੱਲੋਂ ਲਏ ਗਏ ਫੈਸਲੇ ਦੇ ਅਧਾਰ ਤੇ ਕਾਊਂਸਲਿੰਗ ਲਈ ਬੁਲਾਇਆ ਜਾਵੇਗਾ।

(ii) ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀਂ ਹੈ ਤਾਂ ਇਸ ਸਬੰਧੀ ਉਮੀਦਵਾਰਾਂ ਦੀ ਗ੍ਰੇਜੁਏਸ਼ਨ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਵੱਧ ਮੈਟ੍ਰਿਕ ਅੰਕ ਹਾਸਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉਪਰ ਮੰਨੀ ਜਾਵੇਗੀ।

ਨੋਟ: - ਲਿਖਤੀ ਪ੍ਰੀਖਿਆ, ਯੋਗ ਪਾਏ ਗਏ ਉਮੀਦਵਾਰਾਂ ਦੀ ਕਾਊਂਸਲਿੰਗ ਅਤੇ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ, ਸੰਭਾਵਤ ਸਿਲੇਬਸ ਅਤੇ ਪ੍ਰੀਖਿਆ ਕੇਂਦਰ ਆਦਿ ਸਿਰਫ ਬੋਰਡ ਦੀ ਵੈੱਬਸਾਈਟ http://www.sssb.punjab.gov.in/ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਕਰਕੇ ਉਮੀਦਵਾਰਾਂ ਵੱਲੋਂ (Latest updates) ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ-ਵਿਹਾਰ ਨਹੀਂ ਕੀਤਾ ਜਾਵੇਗਾ।

9. ਅਪਲਾਈ ਕਰਨ ਦੀ ਵਿਧੀ :-

1) ਉਮੀਦਵਾਰ ਬੋਰਡ ਦੀ ਵੈਬਸਾਈਟ http://www.sssb.punjab.gov.in/ ਤੇ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਕਿਸੇ ਵੀ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

2) ਉਮੀਦਵਾਰ ਆਨਲਾਈਨ ਅਪਾਲਾਈ ਕਰਦੇ ਸਮੇਂ ਸਭ ਤੋਂ ਪਹਿਲਾ ਅਪਲਾਈ ਕਰਨ ਦੀਆਂ ਹਦਾਇਤਾਂ ਨੂੰ ਧਿਆਨਪੂਰਵਕ ਪੜ੍ਹਦੇ ਹੋਏ ਆਪਣੀ ਨਿੱਜੀ ਜਾਣਕਾਰੀ ਆਨਲਾਈਨ ਐਪਲੀਕੇਸ਼ਨ ਫਾਰਮ ਵਿੱਚ ਭਰ ਕੇ save ਕਰਨਗੇ, ਜਿਸ ਨਾਲ ਰਜਿਸਟਰੇਸ਼ਨ ਨੰਬਰ ਜਨਰੇਟ ਹੋ ਜਾਵੇਗਾ। ਇਸ ਉਪਰੰਤ ਉਮੀਦਵਾਰ ਆਪਣੀ ਪਾਸਪੋਰਟ ਸਾਈਜ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੀ ਵਿਦਿਅਕ ਯੋਗਤਾ ਜਿਵੇਂ ਕਿ ਗ੍ਰੇਜੁਏਸ਼ਨ, ਮੈਟ੍ਰਿਕ ਦਾ ਜਨਮ ਮਿਤੀ ਵਾਲਾ

ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ (ਜੇਕਰ ਲੋੜੀਂਦਾਂ ਹੋਵੇ) ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਉਪਰੰਤ ਆਨਲਾਈਨ ਫਾਰਮ ਸਬਮਿਟ (submit) ਕਰਨ ਤੋਂ ਪਹਿਲਾ ਉਮੀਦਵਾਰ ਕਿਸੇ ਵੀ ਤਰ੍ਹਾਂ ਦੀ ਸੋਧ ਨਾਂ, ਪਿਤਾ ਦਾ ਨਾਂ, ਜਨਮ ਮਿਤੀ ਅਤੇ ਕੈਟਾਰਗੀ ਨੂੰ ਛੱਡ ਕੇ) ਆਨਲਾਈਨ ਐਪਲੀਕੇਸ਼ਨ ਫਾਰਮ ਵਿੱਚ ਕਰ ਸਕਦੇ ਹਨ। ਇੱਕ ਵਾਰ ਆਨਲਾਈਨ ਐਪਲੀਕੇਸ਼ਨ ਫਾਰਮ ਸਬਮਿਟ ਹੋ ਜਾਣ ਉਪਰੰਤ ਉਮੀਦਵਾਰ ਉਸ ਵਿੱਚ ਕਿਸੇ ਵੀਂ ਤਰ੍ਹਾਂ ਦੀ ਸੋਧ ਨਹੀ ਕਰ ਸਕੇਗਾ।

3) ਆਨਲਾਈਨ ਐਪਲੀਕੇਸ਼ਨ ਫਾਰਮ ਦੇ ਸਫਲਤਾਪੂਰਵਕ ਸਬਮਿਟ ਹੋ ਜਾਣ ਉਪਰੰਤ ਉਮੀਦਵਾਰ ਕੰਮ-ਕਾਜ ਵਾਲੇ ਤੀਸਰੇ ਦਿਨ ਫੀਸ ਦਾ ਭੁਗਤਾਨ ਸਟੇਟ ਬੈਂਕ ਆਫ ਇੰਡੀਆ(State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਫੀਸ ਭਰਨ ਦੀ ਆਖਰੀ ਮਿਤੀ 30.06.2022 ਸ਼ਾਮ 5 ਵਜੇ ਤੱਕ ਕਰਵਾ ਸਕਦੇ ਹਨ। ਉਮੀਦਵਾਰ ਲੋੜੀਂਦੀਂ ਫੀਸ ਦਾ ਭੁਗਤਾਨ Net Banking, Credit Card, Debit Card, Rupay Card, GooglePay, Bank Challan ਆਦਿ ਕਿਸੇ ਵੀ mode ਰਾਹੀਂ ਕਰ ਸਕਦੇ ਹਨ। ਜੇਕਰ ਕਿਸੇ ਕਾਰਨ ਉਮੀਦਵਾਰ ਦੀ ਆਨਲਾਈਨ ਫੀਸ ਜਮ੍ਹਾਂ ਨਹੀ ਹੋ ਪਾਂਦੀ ਹੈ ਤਾਂ ਉਸਦੀ ਅਰਜੀ ਰੱਦ ਸਮਝੀ ਜਾਵੇਗੀ।

4) ਲੋੜੀਂਦੀਂ ਫੀਸ ਜ੍ਹਮਾਂ ਕਰਵਾਉਣ ਉਪਰੰਤ ਹੀ online ਅਪਲਾਈ ਕਰਨ ਦਾ ਪ੍ਰੋਸੈਸ ਪੂਰਾ ਹੋ ਸਕੇਗਾ ਅਤੇ ਇਸ ਉਪਰੰਤ ਹੀ online application form ਦਾ ਪ੍ਰਿੰਟ ਜਨਰੇਟ ਹੋਵੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣਗੇ।

5) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦੀ ਪਾਤਰਤਾ ਰੱਦ ਸਮਝੀ ਜਾਵੇਗੀ।

6) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ(valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਅਸਵੀਕਾਰ ਕਰਦੇ ਹੋਏ ਰੱਦ ਕਰ ਦਿੱਤਾ ਜਾਵੇਗਾ।

**10. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ :**

ਹੇਠ ਲਿਖੇ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ :-

(i) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣ,
(ii) ਜੇਕਰ ਉਮੀਦਵਾਰ ਵੱਲੋਂ ਭਰੀ ਗਈ ਆਨਲਾਈਨ ਫੀਸ ਦੀ ਪ੍ਰਕਿਰਿਆ ਕਿਸੇ ਵੀ ਕਾਰਨ ਫੇਲ ਹੁੰਦੀ ਹੈ ਤਾਂ ਫੀਸ ਦੀ ਪ੍ਰਾਪਤੀ ਨਹੀਂ ਮੰਨੀਂ ਜਾਵੇਗੀ ਅਤੇ ਅਰਜੀ ਰੱਦ ਸਮਝੀ ਜਾਵੇਗੀ।
(iii) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,
(iv) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕਿਰਿਆ ਮੁਕੰਮਲ ਨਾ ਕਰਨਾ,
(v) ਅਧੀਨ ਸੇਵਾਵਾਂ ਚੋਣ ਬੋਰਡ, ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,
(vi) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,
(vii) ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਦੀ ਥਾਂ ਕਿਸੇ ਹੋਰ ਪ੍ਰਕਿਰਿਆ ਰਾਹੀਂ ਬਿਨੈ ਕਰਨਾ,

**11. ਬਿਨੈਕਾਰਾਂ ਦੇ ਧਿਆਨ ਹਿਤ ਅਤਿ ਜ਼ਰੂਰੀ ਹਦਾਇਤਾਂ :**

(I) ਉਮੀਦਵਾਰਾਂ ਵੱਲੋਂ ਹਾਸਲ ਕੀਤਾ ਗਿਆ ਡਿਗਰੀ ਸਰਟੀਫਿਕੇਟ ਯੂ.ਜੀ.ਸੀ. ਦੀਆਂ ਸਮੇਂ-ਸਮੇਂ ਸਿਰ ਜਾਰੀ ਹਦਾਇਤਾਂ ਮੁਤਾਬਿਕ ਹੋਵੇ।

(II) ਪਰਖਕਾਲ ਦੇ ਸਮੇਂ ਦੌਰਾਨ ਬਿਨ੍ਹਾਂ ਕਿਸੇ ਭੱਤਿਆਂ ਤੋਂ ਮੁੱਢਲੀ ਤਨਖਾਹ/ਡੀ.ਸੀ. ਰੇਟ ਮਿਲਣਯੋਗ ਹੋਵੇਗਾ। ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ: 7/204/2012-4ਐਫ.ਪੀ.1/66, ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(III) ਇਨ੍ਹਾਂ ਅਸਾਮੀਆਂ ਲਈ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਦਫਤਰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਪੰਜਾਬ, ਮੋਹਾਲੀ ਪਾਸੋਂ ਪ੍ਰਾਪਤ ਮੰਗ ਪੱਤਰ

1/81/2012-1ਆਰ.ਡੀ.ਈ.2/8058 ਮਿਤੀ 22-11-2021 ਅਤੇ 1/81/2012-1ਆਰ.ਡੀ.ਈ.2/8677 ਮਿਤੀ 16-12-2021 ਅਤੇ ਪੱਤਰ 1/81/2012-1ਆਰ.ਡੀ.ਈ.2/3089, ਮਿਤੀ:04.05.2022 ਵਿੱਚ ਦਰਸਾਏ ਵਰਗੀਕਰਨ ਅਨੁਸਾਰ ਹੀ ਹੈ। ਜੇਕਰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਦਾ ਫੈਸਲਾ ਲੈਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ Corrigendum/Notice ਰਾਹੀਂ ਸੂਚਨਾ ਦਿੱਤੀ ਜਾਵੇਗੀ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ।

(IV) ਇਨ੍ਹਾਂ ਅਸਾਮੀਆਂ ਲਈ ਹਰ ਸ਼੍ਰੇਣੀ ਲਈ ਰਾਖਵਾਂਕਰਨ ਪੰਜਾਬ ਸਰਕਾਰ ਦੀਆਂ ਰਾਖਵਾਂਕਰਨ ਨੀਤੀ ਸਬੰਧੀ ਹਦਾਇਤਾਂ/ਨਿਯਮਾਂ ਅਨੁਸਾਰ ਲਾਗੂ ਹੋਵੇਗਾ। Economical Weaker Sections ਲਈ ਰਾਖਵਾਂਕਰਨ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਸਰਕਾਰ ਦੇ ਪੱਤਰ ਨੰ: 1/3/2019-ਆਰ.ਸੀ.1/120, ਮਿਤੀ 28 ਮਈ, 2019 ਅਤੇ ਪੰਜਾਬ ਸਰਕਾਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਉਮੀਦਵਾਰਾਂ ਲਈ ਇਸਤਰੀ ਤੇ ਬਾਲ ਵਿਕਾਸ ਵਿਭਾਗ (ਸਮਾਜਿਕ ਸੁਰੱਖਿਆ ਸ਼ਾਖਾ) ਦੇ ਨੋਟੀਫਿਕੇਸ਼ਨ ਨੰਬਰ G.S.R.87/Const./Arts.309 and 15/2020 dated 21st October, 2020 ਰਾਹੀਂ ਜਾਰੀ ਹਦਾਇਤਾਂ ਅਤੇ ਇਸਨੂੰ ਲਾਗੂ ਕਰਨ ਸਬੰਧੀ ਭਵਿੱਖ ਵਿੱਚ ਜਾਰੀ ਕੀਤੀ ਜਾਣ ਵਾਲੀ ਹਰ ਹਦਾਇਤ/ਨਿਯਮ ਦੇ ਅਨੁਸਾਰ ਲਾਗੂ ਹੋਵੇਗਾ।

(V) ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈੱਬਸਾਈਟ www.sssb.punjab.gov.in ਤੇ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(VI) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜ਼ਿੰਮੇਵਾਰ ਹੋਵੇਗਾ। ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ ਅਤੇ ਨਾ ਹੀ ਕਿਸੇ ਵੀ ਕਾਲਮ ਵਿੱਚ ਸੋਧ ਕੀਤੀ ਜਾਏਗੀ। ਉਮੀਦਵਾਰ ਵੱਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(VII) ਉਮੀਦਵਾਰ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵੱਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿੱਚ ਫਾਰਮ ਦੇ ਕਿਸੇ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਵੇਗੀ।

(VIII) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(IX) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਤੌਰ ਤੇ ਕੋਈ ਵੀ ਸੂਚਨਾ ਨਹੀਂ ਭੇਜੀ ਜਾਏਗੀ। ਇਸ ਕਰਕੇ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ www.sssb.punjab.gov.in ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰਾਂ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਲਈ ਅਧੀਨ ਸੇਵਾਵਾਂ ਚੋਣ ਬੋਰਡ ਜ਼ਿੰਮੇਵਾਰ ਨਹੀਂ ਹੋਵੇਗਾ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(X) ਵੱਖ-ਵੱਖ ਵਰਗਾਂ/ਸ਼੍ਰੇਣੀਆਂ ਵਿੱਚ ਅਸਾਮੀਆਂ ਉਸ ਵਰਗ ਵਿੱਚ ਅਸਾਮੀਆਂ ਦੀ ਉਪਲਬਧਤਾ ਅਧੀਨ ਭਰੀਆਂ ਜਾਣਗੀਆਂ।

(XI) ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਦਾ ਅਸਾਮੀ ਲਈ ਅਧਿਕਾਰ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਯੋਗ ਪਾਏ ਗਏ ਉਮੀਦਵਾਰ ਦਾ ਨਾਮ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ,ਪੰਜਾਬ ਨੂੰ ਸਿਫਾਰਸ਼ ਕੀਤਾ ਜਾਏਗਾ। ਤੈਅ ਸਮੇਂ-ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

(XII) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬਧ ਕਰਵਾਏ ਗਏ ਕਿਸੇ ਵੀ ਦਸਤਾਵੇਜ ਦੇ ਗਲਤ ਸਾਬਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋਂ ਕੱਢ ਦਿੱਤਾ ਜਾਏਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ। ਅਜਿਹੇ ਉਮੀਦਵਾਰ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾ ਸਕਦੀ ਹੈ।

(XIII) ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀ ਕੋਡ ਅਨੁਸਾਰ ਲੋੜੀਂਦੀ ਯੋਗਤਾ ਅਤੇ ਨਿਰਧਾਰਤ ਸ਼ਰਤਾ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਉਂਸਲਿੰਗ ਸਮੇਂ ਅਸਲ ਦਸਤਾਵੇਜ ਦੇ ਆਧਾਰ ਤੇ ਉਮਰ, ਵਿੱਦਿਅਕ ਯੋਗਤਾ ਅਤੇ ਲੋੜੀਂਦੇ ਦਸਤਾਵੇਜ ਸਬੰਧੀ ਤਸਦੀਕ ਕਰਨੀ ਹੋਵੇਗੀ। ਇੰਨ੍ਹਾਂ ਦਸਤਾਵੇਜਾਂ ਦੇ ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਯੋਗਤਾਵਾਂ ਪੂਰੀਆਂ ਕਰਨ ਵਾਲੇ ਉਮੀਦਵਾਰ ਦਾ ਨਾਮ ਹੀ ਮੈਰਿਟ ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ।

(XIV) ਉਮੀਦਵਾਰ ਕਾਉਂਸਲਿੰਗ ਸਮੇਂ ਵਿੱਦਿਅਕ ਯੋਗਤਾ, ਜਾਤੀ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਸਬੰਧਤ ਕੈਟਾਗਰੀ ਦੀਆਂ ਅਸਾਮੀਆਂ ਲਈ ਵਿਚਾਰਿਆ ਨਹੀਂ ਜਾਏਗਾ।

(XV) ਲਿਖਤੀ ਪ੍ਰੀਖਿਆ ਅਤੇ ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਏਗਾ।

(XVI) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੋਈ ਵੀ ਸੋਧ/ਨੋਟਿਸ/Corrigendum ਇਸ ਭਰਤੀ ਤੇ ਲਾਗੂ ਹੋਵੇਗਾ ਅਤੇ ਸਮੂਹ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(XVII) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਫੈਸਲਾ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(XXVIII) ਇਨ੍ਹਾਂ ਅਸਾਮੀਆਂ ਲਈ ਆਨਲਾਈਨ ਬਿਨੈ (Online Apply) ਕਰਨ ਸਬੰਧੀ ਕੋਈ ਮੁਸ਼ਕਿਲ/ਔਕੜ ਆਉਣ ਤੇ e-mail ਰਾਹੀਂ **helpsssb2204@gmail.com** ਤੇ ਸੰਪਰਕ ਕੀਤਾ ਜਾ ਸਕਦਾ ਹੈ।

(XIX) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04.00 pm ਬੋਰਡ ਦੇ ਦਫਤਰੀ ਫੋਨ ਨੰ:0172-2298000-Extension 5103 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਸਹੀ/-

ਸਥਾਨ : ਐਸ.ਏ.ਐਸ. ਨਗਰ
ਮਿਤੀ : 15/05/2022

ਚੇਅਰਮੈਨ
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ।